Punjab Government Gazette

EXTRAORDINARY

Published by Authority

CHANDIGARH, WEDNESDAY, DECEMBER 31, 2025 (PAUSA 10, 1947 SAKA)

ਪੰਜਾਬ ਸਰਕਾਰ

ਸਥਾਨਕ ਸਰਕਾਰ ਵਿਭਾਗ ਪੰਜਾਬ, ਚੰਡੀਗੜ੍ਹ

(ਮਿਉਂਸਪਲ ਚੋਣਾਂ ਸ਼ਾਖਾ)

ਅਧਿਸੂਚਨਾ

ਮਿਤੀ 31 ਦਸੰਬਰ, 2025

ਨੰਬਰ:04/30/ਹਲਕਾਬੰਦੀ(ਸ-1)/ਮਚਸ਼/2025/371.-ਅਧਿਸੂਚਨਾ ਨੰਯ 04/30/ਹਲਕਾਬੰਦੀ(ਸ-1)/ਮਚਸ਼/2025/187 ਮਿਤੀ 08-12-2025 ਦੀ ਨਿਰੰਤਰਤਾ ਵਿੱਚ ਪੰਜਾਬ ਮਿਉਂਸਪਲ ਐਕਟ, 1911 (ਪੰਜਾਬ ਐਕਟ 3 ਆਫ 1911) ਦੀ ਧਾਰਾ 240 (1)(ਬੀ) ਅਤੇ ਡਿਲੀਮੀਟੇਸ਼ਨ ਆਫ ਵਾਰਡਜ ਆਫ ਮਿਉਂਸਪੈਲਟੀਜ ਰੂਲਜ, 1972 ਦੇ ਰੂਲ 9 ਅਧੀਨ ਅਤੇ ਇਸ ਸਬੰਧ ਵਿਚ ਦੂਸਰੇ ਸਮੂਹ ਅਖਤਿਆਰਾਂ ਦੀ ਵਰਤੋਂ ਕਰਦੇ ਹੋਏ ਪੰਜਾਬ ਦੇ ਰਾਜਪਾਲ ਪ੍ਰਸੰਨਤਾ ਪੂਰਵਕ ਨਗਰ ਕੌਂਸਲ, ਰਈਆ ਨੂੰ ਵਾਰਡਾਂ ਵਿੱਚ ਵੰਡਣ ਅਤੇ ਅਜਿਹੇ ਹਰ ਇਕ ਵਾਰਡ ਵਿਚੋਂ ਚੁਣੇ ਜਾਣ ਲਈ ਨੁਮਾਇੰਦਿਆਂ ਦੀ ਗਿਣਤੀ ਨਿਸਚਿਤ ਕਰਨ ਲਈ ਹੇਠ ਲਿਖੇ ਨਿਯਮ ਬਣਾਉਂਦੇ ਹਨ:-

ਨਿਯਮਾਂ

ਨਗਰ ਪੰਚਾਇਤ, ਰਈਆ, ਜਿਲ੍ਹਾ ਅੰਮ੍ਰਿਤਸਰ ਦੇ ਨਗਰ ਪਾਲਾ ਦੀ ਚੋਣ ਦੇ ਮਕਸਦ ਲਈ ਨਗਰ ਪੰਚਾਇਤ, ਰਈਆ, ਨੂੰ 13 ਵਾਰਡਾਂ ਵਿਚ ਵੰਡਿਆ ਜਾਵੇਗਾ ਜਿਨ੍ਹਾਂ ਪਿੱਛੇ 9 ਵਾਰਡ, ਜਿਨ੍ਹਾਂ ਦੇ ਪਿੱਛੇ ਬਰੈਕਟਾਂ ਅਤੇ ਸਬਦਾਂ ਵਿਚ:-

1. ਅਨੁਸੂਚਿਤ ਜਾਤੀਆ ਦੇ ਮੈਂਬਰਾ ਲਈ ਰਾਖਵਾਂ:
2. ਇਸਤਰੀ ਮੈਂਬਰਾਂ ਲਈ ਰਾਖਵਾਂ:
3. ਅਨੁਸੂਚਿਤ ਜਾਤੀਆਂ ਦੀਆਂ ਇਸਤਰੀ ਮੈਂਬਰਾ ਲਈ ਰਾਖਵਾਂ ਅਤੇ
4. ਪੱਛੜੀ ਸ੍ਰੇਣੀਆਂ ਦੇ ਮੈਂਬਰਾ ਲਈ ਰਾਖਵਾ,

ਲਿਖਿਆ ਹੋਵੇਗਾ ਕਿ ਉਹ ਵਾਰਡ ਉਨ੍ਹਾਂ ਕੈਟਾਗਰੀਆਂ ਨਾਲ ਸਬੰਧਤ ਮੈਂਬਰਾਂ ਲਈ ਰਾਖਵੇ ਹੋਣਗੇ। ਵਾਰਡਾਂ ਦੀਆਂ ਹੱਦਾਂ ਦਾ ਵਰਨਣ ਨਾਲ ਲਗਾਈ ਅਨੁਸੂਚੀ ਵਿਚ ਕੀਤਾ ਜਾਂਦਾ ਹੈ।

ਵਾਰਡ ਨੰ: 1 (ਅਨੁਸੂਚਿਤ ਜਾਤੀਆਂ ਦੇ ਇਸਤਰੀਆਂ ਮੈਂਬਰਾਂ ਲਈ ਰਾਖਵਾਂ)

ਨਗਰ ਕੌਂਸਲ ਦੀ ਉੱਤਰੀ ਹੱਦ (ਸਮਸ਼ਾਨ ਘਾਟ) ਅਤੇ ਡਰੇਨ ਦੇ ਮਿਲਣ ਦੇ ਸਥਾਨ ਤੋਂ ਆਰੰਭ ਕਰਕੇ ਉਕਤ ਡਰੇਨ ਨਾਲ ਚੱਲਦੇ ਹੋਏ ਅਤੇ ਨਹਿਰ ਨੂੰ ਪਾਰ ਕਰਦੇ ਹੋਏ ਸਾਹਮਣੇ ਤਰਫ ਨਾਥ ਦੀ ਖੂਹੀ ਤੀਕ, ਫਿਰ ਉਕਤ ਤਰਫ ਨਾਥ ਦੀ ਖੂਹੀ ਨਾਲ ਚੱਲਦੇ ਹੋਏ ਰੇਲਵੇ ਲਾਈਨ (ਪੱਛਮੀ ਹੱਦ) ਤੀਕ, ਫਿਰ ਉਕਤ ਹੱਦ ਨਾਲ ਚੱਲਦੇ ਹੋਏ ਡੁੱਬਗੜ੍ਹ ਨੂੰ ਜਾਣ ਵਾਲੀ ਰੋਡ ਨੂੰ ਪਾਰ ਕਰਦੇ ਨਗਰ ਕੌਂਸਲ ਦੀ ਉੱਤਰੀ ਹੱਦ (ਸਮਸ਼ਾਨ ਘਾਟ) ਤੀਕ, ਫਿਰ ਉਕਤ ਹੱਦ ਨਾਲ ਚੱਲਦੇ ਹੋਏ ਡਰੇਨ ਤੀਕ, ਅਰਥਾਤ ਜਿੱਥੋਂ ਆਰੰਭ ਕੀਤਾ ਸੀ।

ਵਾਰਡ ਨੰ: 2

ਨਗਰ ਪੰਚਾਇਤ ਦੀ ਉੱਤਰੀ ਹੱਦ (ਗਲੀ ਬਲਵਿੰਦਰ ਸਿੰਘ) ਅਤੇ ਫਿਰਨੀ ਰੋਡ ਦੇ ਮਿਲਣ ਦੇ ਸਥਾਨ ਤੋਂ ਆਰੰਭ ਕਰਕੇ ਫਿਰਨੀ ਰੋਡ ਨਾਲ ਚੱਲਦੇ ਹੋਏ ਬਾਬਾ ਬਕਾਲਾ ਰੋਡ ਤੀਕ,ਫਿਰ ਉਕਤ ਰੋਡ ਨਾਲ ਚੱਲਦੇ ਹੋਏ ਸਾਹਮਣੇ ਲਿੰਕ ਗਲੀ ਤੀਕ, ਫਿਰ

ਉਕਤ ਗਲੀ ਨਾਲ ਚੱਲਦੇ ਹੋਏਮੇਨ ਗਲੀ ਸ਼ਨੀ ਮੰਦਰ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਲਿੰਕ ਗਲੀ ਐਸ.ਪੀ ਇੰਨਕਲੇਵ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਸਾਹਮਣੇ ਬਾਬਾ ਬਕਾਲਾ ਰੋਡ ਤੀਕ, ਫਿਰ ਉਕਤ ਰੋਡ ਨਾਲ ਚੱਲਦੇ ਨਗਰ ਪੰਚਾਇਤ ਦੀ ਉੱਤਰੀ ਹੱਦ (ਗਲੀ ਬਲਵਿੰਦਰ ਸਿੰਘ) ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਫਿਰਨੀ ਰੋਡ ਤੀਕ, ਅਰਥਾਤ ਜਿੱਥੋਂ ਆਰੰਭ ਕੀਤਾ ਸੀ।

ਵਾਰਡ ਨੰ: 3 (ਅਨੁਸੂਚਿਤ ਜਾਤੀਆਂ ਦੇ ਮੈਂਬਰਾਂ ਲਈ ਰਾਖਵਾਂ)

ਫਿਰਨੀ ਰਈਆ ਖੁਰਦ ਅਤੇ ਨਗਰ ਪੰਚਾਇਤ ਦੀ ਉੱਤਰੀ ਹੱਦ (ਗਲੀ ਸੁੱਚਾ ਸਿੰਘ) ਦੇ ਮਿਲਣ ਦੇ ਸਥਾਨ ਤੋਂ ਆਰੰਭ ਕਰਕੇ ਨਗਰ ਪੰਚਾਇਤ ਦੀ ਉੱਤਰੀ ਹੱਦ ਨਾਲ ਚੱਲਦੇ ਹੋਏ (ਰੇਲਵੇ ਲਾਈਨ) ਅਤੇ ਬਟਾਲਾ ਰੋਡ ਨੂੰ ਪਾਰ ਕਰਕੇ ਨਗਰ ਪੰਚਾਇਤ ਦੀ ਪੂਰਬੀ ਹੱਦ ਤੀਕ, ਫਿਰ ਉਕਤ ਹੱਦ ਨਾਲ ਚੱਲਦੇ ਹੋਏ ਬੂਲੇਨੰਗਲ ਅਤੇ ਸੂਏ ਨੂੰ ਪਾਰ ਕਰਦੇ ਹੋਏ ਨਗਰ ਪੰਚਾਇਤ ਦੀ ਦੱਖਣੀ ਹੱਦ ਤੀਕ, ਫਿਰ ਉਕਤ ਹੱਦ ਨਾਲ ਚੱਲਦੇ ਹੋਏ ਚੀਮਾਬਾਠ ਰੋਡ ਤੀਕ, ਫਿਰ ਉਕਤ ਰੋਡ ਨਾਲ ਚੱਲਦੇ ਹੋਏ ਸਾਹਮਣੇ ਜੀ.ਟੀ. ਰੋਡ ਰਈਆ ਤੀਕ, ਫਿਰ ਉਕਤ ਰੋਡ ਨਾਲ ਚੱਲਦੇ ਹੋਏ ਰੇਲਵੇ ਰੋਡ ਤੀਕ, ਫਿਰ ਉਕਤ ਰੋਡ ਨਾਲ ਚੱਲਦੇ ਹੋਏ ਫਿਰਨੀ ਰਈਆ ਖੁਰਦ ਤੀਕ, ਫਿਰ ਉਕਤ ਫਿਰਨੀ ਰਈਆ ਖੁਰਦ ਨਾਲ ਚੱਲਦੇ ਹੋਏ ਨਗਰ ਪੰਚਾਇਤ ਦੀ ਉੱਤਰੀ ਹੱਦ (ਗਲੀ ਸੁੱਚਾ ਸਿੰਘ) ਤੀਕ, ਅਰਥਾਤ ਜਿੱਥੋਂ ਆਰੰਭ ਕੀਤਾ ਸੀ।

ਵਾਰਡ ਨੰ: 4

ਤਰਫ ਨਾਥ ਦੀ ਖੂਹੀ ਰੋਡ (ਨਹਿਰ) ਅਤੇ ਡਰੇਨ ਦੇ ਮਿਲਣ ਦੇ ਸਥਾਨ ਤੋਂ ਆਰੰਭ ਕਰਕੇ ਡਰੇਨ ਨਾਲ ਚੱਲਦੇ ਹੋਏ ਬਾਬਾ ਬਕਾਲਾ ਰੋਡ ਤੀਕ, ਫਿਰ ਉਕਤ ਰੋਡ ਨਾਲ ਚੱਲਦੇ ਹੋਏ ਗਲੀ ਐਸ.ਪੀ. ਇੰਨਕਲੇਵ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਸਾਹਮਣੇ ਮੇਨ ਗਲੀ ਸ਼ਨੀਦੇਵ ਮੰਦਰ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਸਾਹਮਣੇ ਗਲੀ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਬਾਬਾ ਬਕਾਲਾ ਰੋਡ ਤੀਕ, ਫਿਰ ਉਕਤ ਰੋਡ ਨਾਲ ਚੱਲਦੇ ਹੋਏ ਰੇਲਵੇ ਰੋਡ ਤੀਕ, ਫਿਰ ਉਕਤ ਰੋਡ ਨਾਲ ਚੱਲਦੇ ਹੋਏ ਸ਼ੇਰਸਾਹ ਸੂਰੀ ਮਾਰਗ, ਜੀ.ਟੀ. ਰੋਡ ਰਈਆ ਤੀਕ, ਫਿਰ ਉਕਤ ਰੋਡ ਨਾਲ ਚੱਲਦੇ ਹੋਏ ਗਲੀ ਲਵਲੀ ਸਵੀਟਸ਼ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਗੁਰਮੁੱਖ ਆਟਾ ਚੱਕੀ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਹਵੇਲੀ ਸ਼ਾਹ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਟੁਣਕੀ ਮੰਦਰ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਰੇਲਵੇ ਲਾਈਨ ਤੀਕ, ਫਿਰ ਉਕਤ ਰੇਲਵੇ ਲਾਈਨ ਨਾਲ ਚੱਲਦੇ ਹੋਏ ਸਾਹਮਣੇ ਲਿੰਕ ਗਲੀ ਰੇਲਵੇ ਲਾਈਨ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਸੁਖਦੇਵ ਸਿੰਘ ਐਮ.ਸੀ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਸਾਹਮਣੇ ਲਿੰਕ ਗਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਬਿੱਲੂ ਟੇਲਰ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਜੋਤੀ ਸਕੂਲ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਆਰੇ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਮੋਨੂੰ ਕੰਪਿਊਟਰ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਰਾਮਵਾੜਾ ਮੰਦਰ ਰੋਡ ਤੀਕ, ਫਿਰ ਉਕਤ ਰੋਡ ਨਾਲ ਚੱਲਦੇ ਹੋਏ ਸਾਹਮਣੇ ਰੇ ਲਵੇ ਲਾਈਨ ਤੀਕ, ਫਿਰ ਉਕਤ ਰੇਲਵੇ ਲਾਈਨ ਨਾਲ ਚੱਲਦੇ ਹੋਏ ਤਰਫ ਨਾਥ ਦੀ ਖੂਹੀ ਰੋਡ (ਨਹਿਰ) ਤੀਕ, ਫਿਰ ਉਕਤ ਰੋਡ ਨਾਲ ਚੱਲਦੇ ਹੋਏ ਡਰੇਨ ਤੀਕ, ਅਰਥਾਤ ਜਿੱਥੋਂ ਆਰੰਭ ਕੀਤਾ ਸੀ।

ਵਾਰਡ ਨੰ: 5 (ਇਸਤਰੀ ਮੈਂਬਰਾਂ ਲਈ ਰਾਖਵਾਂ)

ਫੇਰੂਮਾਨ ਰੋਡ ਅਤੇ ਸ਼ੇਰਸਾਹ ਸੂਰੀ ਮਾਰਗ, ਜੀ.ਟੀ. ਰੋਡ ਰਈਆ ਦੇ ਮਿਲਣ ਦੇ ਸਥਾਨ ਤੋਂ ਆਰੰਭ ਕਰਕੇ ਸ਼ੇਰਸਾਹ ਸੂਰੀ ਮਾਰਗ, ਜੀ.ਟੀ. ਰੋਡ ਰਈਆ ਨਾਲ ਚੱਲਦੇ ਹੋਏ ਚੀਮਾਬਾਠ ਰੋਡ ਤੀਕ, ਫਿਰ ਉਕਤ ਰੋਡ ਨਾਲ ਚੱਲਦੇ ਹੋਏ ਨਗਰ ਪੰਚਾਇਤ ਦੀ ਦੱਖਣੀ ਹੱਦ ਤੀਕ, ਫਿਰ ਉਕਤ ਹੱਦ ਨਾਲ ਚੱਲਦੇ ਹੋਏ ਫੇਰੂਮਾਨ ਰੋਡ ਤੀਕ, ਫਿਰ ਉਕਤ ਰੋਡ ਨਾਲ ਚੱਲਦੇ ਹੋਏ ਸ਼ੇਰਸਾਹ ਮਾਰਗ, ਜੀ.ਟੀ. ਰੋਡ ਰਈਆ ਤੀਕ, ਅਰਥਾਤ ਜਿੱਥੋਂ ਆਰੰਭ ਕੀਤਾ ਸੀ।

ਵਾਰਡ ਨੰ: 6 (ਅਨੁਸੂਚਿਤ ਜਾਤੀਆਂ ਦੇ ਮੈਂਬਰਾਂ ਲਈ ਰਾਖਵਾਂ)

ਗਲੀ ਭਲਵਾਨ ਅਮਰੀਕ ਸਿੰਘ ਅਤੇ ਫੇਰੂਮਾਨ ਰੋਡ ਦੇ ਮਿਲਣ ਦੇ ਸਥਾਨ ਤੋਂ ਆਰੰਭ ਕਰਕੇ ਫੇਰੂਮਾਨ ਰੋਡ ਨਾਲ ਚੱਲਦੇ ਹੋਏ ਨਗਰ ਪੰਚਾਇਤ ਦੱਖਣੀ ਹੱਦ ਤੀਕ, ਫਿਰ ਉਕਤ ਹੱਦ ਨਾਲ ਚੱਲਦੇ ਹੋਏ ਫਿਰਨੀ (ਨਹਿਰ) ਤੀਕ, ਫਿਰ ਉਕਤ ਫਿਰਨੀ ਨਾਲ ਚੱਲਦੇ ਹੋਏ ਗਲੀ ਮਾਤਾ ਰਾਣੀ ਮੰਦਰ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਇਕਬਾਲ ਸਿੰਘ ਚੱਕੀ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਦਲਬੀਰ ਸਿੰਘ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਦਿਲਬਾਗ ਸਿੰਘ ਚੁੰਗੀ ਵਾਲਾ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਸਾਹਮਣੇ ਗਲੀ ਸਮਸ਼ਾਨ ਘਾਟ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਭਲਵਾਨ ਅਮਰੀਕ ਸਿੰਘ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਫੇਰੂਮਾਨ ਰੋਡ ਤੀਕ, ਅਰਥਾਤ ਜਿੱਥੋਂ ਆਰੰਭ ਕੀਤਾ ਸੀ।

ਵਾਰਡ ਨੰ: 7 (ਇਸਤਰੀ ਮੈਂਬਰਾਂ ਲਈ ਰਾਖਵਾਂ)

ਗਲੀ ਪੰਜਾਬ ਐਂਡ ਸਿੰਧ ਬੈਂਕ ਵਾਲੀ ਅਤੇ ਗਲੀ ਮੱਤੇਵਾਲਿਆਂ ਦੇ ਮਿਲਣ ਦੇ ਸਥਾਨ ਤੋਂ ਆਰੰਭ ਕਰਕੇ ਗਲੀ ਮੱਤੇਵਾਲਿਆਂ ਦੇ ਨਾਲ ਚੱਲਦੇ ਹੋਏ ਗਲੀ ਸਟੇਟ ਬੈਂਕ ਆਫ ਇੰਡੀਆ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਸੰਧੂ ਸਵੀਟਸ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਫੇਰੂਮਾਨ ਰੋਡ ਤੀਕ, ਫਿਰ ਉਕਤ ਰੋਡ ਨਾਲ ਚੱਲਦੇ ਹੋਏ ਗਲੀ ਭਲਵਾਨ ਅਮਰੀਕ ਸਿੰਘ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਸਮਸ਼ਾਨ ਘਾਟ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਪੰਜਾਬ ਐਂਡ ਸਿੰਧ ਬੈਂਕ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਮੱਤੇਵਾਲਿਆਂ ਤੀਕ, ਅਰਥਾਤ ਜਿੱਥੋਂ ਆਰੰਭ ਕੀਤਾ ਸੀ।

ਵਾਰਡ ਨੰ: 8

ਫੇਰੂਮਾਨ ਰੋਡ ਅਤੇ ਗਲੀ ਸੰਧੂ ਸਵੀਟਸ ਦੇ ਮਿਲਣ ਦੇ ਸਥਾਨ ਤੋਂ ਆਰੰਭ ਕਰਕੇ ਗਲੀ ਸੰਧੂ ਸਵੀਟਸ ਵਾਲੀ ਨਾਲ ਚੱਲਦੇ ਹੋਏ ਗਲੀ ਸਟੇਟ ਬੈਂਕ ਆਫ ਇੰਡੀਆ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਸਾਹਮਣੇ ਗਲੀ ਚੇਅਰਮੈਨ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਅਤੇ ਜੀ.ਟੀ. ਰੋਡ ਨੂੰ ਪਾਰ ਕਰਦੇ ਹੋਏ ਸਾਹਮਣੇ ਕੇਨਰਾ ਬੈਂਕ ਤੋਂ ਜੀ.ਟੀ. ਰੋਡ ਨਾਲ ਚੱਲਦੇ ਹੋਏ ਗਲੀ ਚਰਨ ਟਾਈਪ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਸਾਹਮਣੇ ਗਲੀ ਡਾਕਟਰ ਹੁੰਦਲ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਡਾਕਟਰ ਕਰਤਾਰ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਗਾਂਧੀ ਕਲਾਥ ਹਾਊਸ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਸਾਹਮਣੇ ਗਲੀ ਡਾਕਟਰ ਸ਼ਰਮਾ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਸੁਖਦੇਵ ਸਿੰਘ ਐਮ.ਸੀ. ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਸਾਹਮਣੇ ਗਲੀ ਲਾਇਲਪੁਰੀ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਬਿੱਲੂ ਟੇਲਰ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਲਿੰਕ ਗਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਸੁਖਦੇਵ ਸਿੰਘ ਐਮ.ਸੀ. ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਸਾਹਮਣੇ ਲਿੰਕ ਗਲੀ ਰੇਲਵੇ ਲਾਈਨ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਰੇਲਵੇ ਲਾਈਨ ਤੀਕ, ਫਿਰ ਉਕਤ ਰੇਲਵੇ ਲਾਈਨ ਨਾਲ ਚੱਲਦੇ ਹੋਏ ਗਲੀ ਟੁੰਣਕੀ ਮੰਦਰ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਹਵੇਲੀ ਸ਼ਾਹ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਗੁਰਮੁੱਖ ਆਟਾ ਚੱਕੀ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਲਵਲੀ ਸਵੀਟਸ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਅਤੇ ਜੀ.ਟੀ. ਰੋਡ ਰਈਆ ਨੂੰ ਪਾਰ ਕਰਦੇ ਹੋਏ ਫੇਰੂਮਾਨ ਰੋਡ ਤੀਕ, ਫਿਰ ਉਕਤ ਰੋਡ ਨਾਲ ਚੱਲਦੇ ਹੋਏ ਗਲੀ ਸੰਧੂ ਸਵੀਟਸ ਵਾਲੀ ਤੀਕ, ਅਰਥਾਤ ਜਿੱਥੋਂ ਆਰੰਭ ਕੀਤਾ ਸੀ।

ਵਾਰਡ ਨੰ: 9 (ਇਸਤਰੀ ਮੈਂਬਰਾਂ ਲਈ ਰਾਖਵਾਂ)

ਜੀ.ਟੀ.ਰੋਡ ਅਤੇ ਗਲੀ ਬੀ.ਡੀ.ਪੀ.ਓ ਦਫਤਰ ਦੇ ਮਿਲਣ ਦੇ ਸਥਾਨ ਤੋਂ ਆਰੰਭ ਕਰਕੇ ਗਲੀ ਬੀ.ਡੀ.ਪੀ.ਓ ਦਫਤਰ ਵਾਲੀ ਦੇ ਨਾਲ ਚੱਲਦੇ ਹੋਏ ਗਲੀ ਭਿੰਦਾ ਐਕਸ ਐਮ.ਸੀ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਲਿੰਕ ਗਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਲਿੰਕ ਗਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਬਾਬਾ ਜਾਗੀਰਾ ਕਲੋਨੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਸਾਹਮਣੇ ਰੈਹਗਰ ਕਲੋਨੀ ਰੋਡ ਤੀਕ, ਫਿਰ ਉਕਤ ਰੋਡ ਨਾਲ ਚੱਲਦੇ ਹੋਏ ਰੇਲਵੇ ਲਾਈਨ ਤੀਕ, ਫਿਰ ਉਕਤ ਰੇਲਵੇ ਲਾਈਨ ਨਾਲ ਚੱਲਦੇ ਹੋਏ ਰਾਮਵਾੜਾ ਮੰਦਰ ਰੋਡ ਤੀਕ, ਫਿਰ ਉਕਤ ਰੋਡ ਨਾਲ ਚੱਲਦੇ ਹੋਏ ਸਾਹਮਣੇ ਗਲੀ ਮੋਨੂੰ ਕੰਪਿਊਟਰ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਆਰੇ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਸਾਹਮਣੇ ਗਲੀ ਜੋਤੀ ਸਕੂਲ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਬਿੱਲੂ ਟੇਲਰ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਸਾਹਮਣੇ ਗਲੀ ਲਾਇਲਪੁਰੀ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਸੁਖਦੇਵ ਸਿੰਘ ਐਮ.ਸੀ. ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਸਾਹਮਣੇ ਗਲੀ ਗੁਰੂਦੁਆਰਾ ਸਾਹਿਬ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਸਾਹਮਣੇ ਗਲੀ ਡਾਕਟਰ ਸ਼ਰਮਾ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਗਾਂਧੀ ਕਲਾਥ ਹਾਊਸ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਡਾਕਟਰ ਕਰਤਾਰ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਸਾਹਮਣੇ ਗਲੀ ਡਾਕਟਰ ਹੁੰਦਲ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਸਾਹਮਣੇ ਜੀ.ਟੀ. ਰੋਡ ਤੀਕ, ਫਿਰ ਉਕਤ ਰੋਡ ਨਾਲ ਚੱਲਦੇ ਹੋਏ ਗਲੀ ਡਾਕਟਰ ਸ਼ਰਮਾ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਸਾਹਮਣੇ ਗਲੀ ਗੁਰੂਦੁਆਰਾ ਸਾਹਿਬ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਸਾਹਮਣੇ ਲਿੰਕ ਗਲੀ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਸਾਹਮਣੇ ਗਲੀ ਲਾਇਲਪੁਰੀ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਜੀ.ਟੀ. ਰੋਡ ਤੀਕ, ਫਿਰ ਉਕਤ ਰੋਡ ਅਤੇ ਜੀ.ਟੀ. ਰੋਡ ਨੂੰ ਪਾਰ ਕਰਦੇ ਹੋਏ ਗਲੀ ਸਕੂਲ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਸਾਹਮਣੇ ਗਲੀ ਬੂਟਾ ਸਿੰਘ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਮੋਹਿੰਦਰ ਸਿੰਘ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਗੁਰਦੀਪ ਐਮ.ਸੀ. ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗੁਰੂ ਰਵਿਦਾਸ ਬਜ਼ਾਰ/ਫਿਰਨੀ ਵਾਲੀ ਤੀਕ, ਫਿਰ ਉਕਤ ਫਿਰਨੀ ਨਾਲ ਚੱਲਦੇ ਹੋਏ ਜੀ.ਟੀ. ਰੋਡ ਤੀਕ, ਫਿਰ ਜੀ.ਟੀ. ਰੋਡ ਨੂੰ ਪਾਰ ਕਰਦੇ ਹੋਏ ਬੀ.ਡੀ.ਪੀ.ਓ ਦਫਤਰ ਤੀਕ, ਅਰਥਾਤ ਜਿੱਥੋਂ ਆਰੰਭ ਕੀਤਾ ਸੀ।

ਵਾਰਡ ਨੰ: 10 (ਪੱਛੜੀਆਂ ਸ਼੍ਰੇਣੀਆਂ ਦੇ ਮੈਂਬਰਾਂ ਲਈ ਰਾਖਵਾਂ)

ਜੀ.ਟੀ. ਰੋਡ ਅਤੇ ਗਲੀ ਗੁਰਿੰਦਰਪਾਲ ਸਿੰਘ ਚੇਅਰਮੈਨ ਵਾਲੀ ਦੇ ਮਿਲਣ ਦੇ ਸਥਾਨ ਤੋਂ ਆਰੰਭ ਕਰਕੇ ਗਲੀ ਗੁਰਿੰਦਰਪਾਲ ਸਿੰਘ ਚੇਅਰਮੈਨ ਵਾਲੀ ਨਾਲ ਚੱਲਦੇ ਹੋਏ ਗਲੀ ਸਟੇਟ ਬੈਂਕ ਆਫ ਇੰਡੀਆਂ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਮੱਤੇਵਾਲਿਆਂ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਸਾਹਮਣੇ ਗਲੀ ਪੰਜਾਬ ਐਂਡ ਸਿੰਧ ਬੈਂਕ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਕੈਪਟਨ ਸੰਤੋਖ ਸਿੰਘ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਲਿੰਕ ਗਲੀ ਮਾਸਟਰ ਜਗੀਰ ਸਿੰਘ ਵਾਲੀ ਤੀਕ; ਫਿਰ ਉਕਤ ਗਲੀ ਨਾਲ ਚੱਲਦੇ ਹੋਏ ਸਾਹਮਣੇ ਗਲੀ ਮਾਸਟਰ ਜਗੀਰ ਸਿੰਘ ਵਾਲੀ ਤੀਕ; ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗੁਰੂਦੁਆਰਾ ਚੌਂਕ ਤੋਂ ਗਲੀ ਕਰਤਾਰ ਸਿੰਘ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਪੁਰਾਣੇ ਡਾਕਖਾਨਾ ਵਾਲੀ ਗਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਜੀ.ਟੀ. ਰੋਡ ਤੀਕ, ਫਿਰ ਉਕਤ ਰੋਡ ਨਾਲ ਚੱਲਦੇ ਹੋਏ ਅਤੇ ਉਕਤ ਰੋਡ ਨੂੰ ਪਾਰ ਕਰਦੇ ਹੋਏ ਗਲੀ ਲਾਇਲਪੁਰੀ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਲਿੰਕ ਗਲੀ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਗੁਰੂਦੁਆਰਾ ਸਾਹਿਬ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਡਾਕਟਰ ਸ਼ਰਮਾ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਅਤੇ ਜੀ.ਟੀ. ਰੋਡ ਪਾਰ ਕਰਕੇ ਅਤੇ ਜੀ.ਟੀ.ਰੋਡ ਨਾਲ ਚੱਲਦੇ ਹੋਏ ਗਲੀ ਗੁਰਿੰਦਰਪਾਲ ਸਿੰਘ ਚੇਅਰਮੈਨ ਵਾਲੀ ਤੀਕ, ਅਰਥਾਤ ਜਿੱਥੋਂ ਆਰੰਭ ਕੀਤਾ ਸੀ।

ਵਾਰਡ ਨੰ: 11 (ਇਸਤਰੀ ਮੈਂਬਰਾਂ ਲਈ ਰਾਖਵਾਂ)

ਗਲੀ ਪੰਜਾਬ ਐਂਡ ਸਿੰਧ ਬੈਂਕ ਅਤੇ ਦਲਬੀਰ ਸਿੰਘ ਦੇ ਮਿਲਣ ਦੇ ਸਥਾਨ ਤੋਂ ਆਰੰਭ ਕਰਦੇ ਹੋਏ ਗਲੀ ਦਲਬੀਰ ਸਿੰਘ ਨਾਲ ਚੱਲਦੇ ਹੋਏ ਗਲੀ ਇਕਬਾਲ ਸਿੰਘ ਚੱਕੀ ਵਾਲੀ ਨੂੰ ਪਾਰ ਕਰਦੇ ਹੋਏ ਗਲੀ ਨੰਬਰਦਾਰ ਗੁਰਨਾਮ ਸਿੰਘ, ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਧਰਮ ਸਿੰਘ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਕਰਮ ਸਿੰਘ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਸਮਾਜ ਚੇਤਨਾ ਮੰਚ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਸਾਹਮਣੇ ਗਲੀ ਡਿਸਪੈਂਸਰੀ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਮਾਸਟਰ ਜਗੀਰ ਸਿੰਘ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਲਿੰਕ ਗਲੀ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਸਾਹਮਣੇ ਗਲੀ ਕੈਪਟਨ ਸੰਤੋਖ ਸਿੰਘ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਪੰਜਾਬ ਐਂਡ ਸਿੰਧ ਬੈਂਕ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਦਲਬੀਰ ਸਿੰਘ ਵਾਲੀ ਤੀਕ, ਅਰਥਾਤ ਜਿੱਥੋਂ ਆਰੰਭ ਕੀਤਾ ਸੀ।

ਵਾਰਡ ਨੰ: 12

ਗੁਰੂ ਰਵਿਦਾਸ ਬਜ਼ਾਰ ਫਿਰਨੀ ਅਤੇ ਗਲੀ ਗੁਰਦੀਪ ਐਮ.ਸੀ. ਦੇ ਮਿਲਣ ਦੇ ਸਥਾਨ ਤੋਂ ਆਰੰਭ ਕਰਕੇ ਗਲੀ ਗੁਰਦੀਪ ਐਮ.ਸੀ. ਨਾਲ ਚੱਲਦੇ ਹੋਏ ਗਲੀ ਮੋਹਿੰਦਰ ਸਿੰਘ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਸਾਹਮਣੇ ਗਲੀ ਬੂਟਾ ਸਿੰਘ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਸਕੂਲ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਜੀ.ਟੀ. ਰੋਡ ਤੀਕ, ਫਿਰ ਉਕਤ ਰੋਡ ਨਾਲ ਚੱਲਦੇ ਹੋਏ ਗਲੀ ਪੁਰਾਣੇ ਡਾਕਖਾਨੇ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਸਾਹਮਣੇ ਗਲੀ ਕਰਤਾਰ ਸਿੰਘ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗੁਰੂਦੁਆਰਾ ਚੌਂਕ ਪਾਰ ਕਰਕੇ ਗਲੀ ਡਿਸਪੈਂਸਰੀ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਸਮਾਜ ਚੇਤਨਾ ਮੰਚ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਕਰਮ ਸਿੰਘ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਗੁਰੂ ਰਵਿਦਾਸ ਬਜਾਰ/ਫਿਰਨੀ ਤੀਕ, ਫਿਰ ਉਕਤ ਫਿਰਨੀ ਨਾਲ ਚੱਲਦੇ ਹੋਏ ਗਲੀ ਗੁਰਦੀਪ ਐਮ.ਸੀ. ਤੀਕ, ਅਰਥਾਤ ਜਿੱਥੋਂ ਆਰੰਭ ਕੀਤਾ ਸੀ।

ਵਾਰਡ ਨੰ: 13 (ਇਸਤਰੀ ਮੈਂਬਰਾਂ ਲਈ ਰਾਖਵਾਂ)

ਜੀ.ਟੀ. ਰੋਡ ਅਤੇ ਰਵਿਦਾਸ ਬਜ਼ਾਰ/ਫਿਰਨੀ ਦੇ ਮਿਲਣ ਦੇ ਸਥਾਨ ਤੋਂ ਆਰੰਭ ਕਰਕੇ ਰਵਿਦਾਸ ਬਜ਼ਾਰ/ਫਿਰਨੀ ਨਾਲ ਚੱਲਦੇ ਹੋਏ ਸਾਹਮਣੇ ਗਲੀ ਕਰਮ ਸਿੰਘ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਧਰਮ ਸਿੰਘ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਨੰਬਰਦਾਰ ਗੁਰਨਾਮ ਸਿੰਘ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਇਕਬਾਲ ਸਿੰਘ ਚੱਕੀ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਮਾਤਾ ਰਾਣੀ ਮੰਦਰ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਸਾਹਮਣੇ ਫਿਰਨੀ ਰੋਡ ਤੀਕ, ਫਿਰ ਉਕਤ ਰੋਡ ਨਾਲ ਚੱਲਦੇ ਹੋਏ ਨਗਰ ਪੰਚਾਇਤ ਦੀ ਦੱਖਣੀ-ਪੱਛਮੀ ਹੱਦ ਤੀਕ, ਫਿਰ ਉਕਤ ਹੱਦ ਨਾਲ ਚੱਲਦੇ ਹੋਏ (ਸੜਕ ਨਾਗੋਕੇ ਘਰਾਟ, ਪਿੰਡ ਮੱਧ ਅਤੇ ਜੀ.ਟੀ. ਰੋਡ ਪਾਰ ਕਰਕੇ) ਰੇਲਵੇ ਲਾਈਨ ਤੀਕ, ਫਿਰ ਉਕਤ ਰੇਲਵੇ ਲਾਈਨ ਨਾਲ ਚੱਲਦੇ ਹੋਏ ਰੈਹਗਰ ਕਲੋਨੀ ਰੋਡ ਤੀਕ, ਫਿਰ ਉਕਤ ਰੋਡ ਨਾਲ ਚੱਲਦੇ ਹੋਏ ਸਾਹਮਣੇ ਲਿੰਕ ਗਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਭਿੰਦਾ ਐਕਸ ਐਮ.ਸੀ. ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਬੀ.ਡੀ.ਪੀ.ਓ ਦਫਤਰ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਜੀ.ਟੀ. ਰੋਡ ਪਾਰ ਕਰਕੇ ਜੀ.ਟੀ. ਰੋਡ ਨਾਲ ਚੱਲਦੇ ਹੋਏ ਗੁਰੂ ਰਵਿਦਾਸ ਬਜ਼ਾਰ ਫਿਰਨੀ ਤੀਕ, ਅਰਥਾਤ ਜਿੱਥੋਂ ਆਰੰਭ ਕੀਤਾ ਸੀ।

ਸਹੀ/-

ਮਨਜੀਤ ਸਿੰਘ ਬਰਾੜ, ਆਈ,ਏ,ਐਸ,

ਸਕੱਤਰ, ਪੰਜਾਬ ਸਰਕਾਰ

ਸਥਾਨਕ ਸਰਕਾਰ ਵਿਭਾਗ

ਮਿਤੀ 31 ਦਸੰਬਰ, 2025

3598/12-2025/Pb. Govt. Press, S.A.S. Nagar